# ਪਾਠਕ ਨੂੰ ਵਿਸ਼ਵਵਿਆਪੀ ਨਾਗਰਿਕ ਬਣਾਉਂਦਾ ਹੈ ਵਿਸ਼ਵ ਸਾਹਿਤ : ਗੋਇਲ

## ਭਾਸ਼ਾ ਵਿਭਾਗ ਵਿਖੇ 'ਵਿਸ਼ਵ ਸਾਹਿਤ ਦੀ ਪ੍ਰਸੰਗਿਕਤਾ ਵਿਸ਼ੇ 'ਤੇ ਸੈਮੀਨਾਰ

**ਪੱਤਰ ਪ੍ਰੇਰਕ, ਪੰਜਾਬੀ ਜਾਗਰਣ** ● **ਪਟਿਆਲਾ** : ਦੁਨੀਆ ਦੀ ਕੋਈ ਅਜਿਹੀ ਭਾਸ਼ਾ ਨਹੀਂ ਹੈ, ਜਿਸ ਨੂੰ ਸਾਰੀ ਦੁਨੀਆ ਪੜ੍ਹ, ਲਿਖ ਤੇ ਬੋਲ ਸਕਦਾ ਹੋਵੇ, ਪ੍ਰੰਤੂ ਦੁਨੀਆ ਭਰ ਦੀਆਂ ਸ਼ਾਹਕਾਰ ਰਚਨਾਵਾਂ ਅਨੁਵਾਦ ਜ਼ਰੀਏ ਹੀ ਸੰਸਾਰ ਦੇ ਕੋਨੇ-ਕੋਨੇ 'ਚ ਪਹੁੰਚ ਸਕਦੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਅਨੁਵਾਦਕ ਤੇ ਲੇਖਕ ਜੰਗ ਬਹਾਦਰ ਗੋਇਲ ਨੇ ਮੁੱਖ ਵਕਤਾ ਵਜੋਂ ਇੱਥੇ ਭਾਸ਼ਾ ਵਿਭਾਗ ਦੇ ਸਹਿਯੋਗ ਨਾਲ ਸਾਹਿਤ ਅਕਾਦਮੀ ਦਿੱਲੀ ਵੱਲੋਂ 'ਵਿਸ਼ਵ ਸਾਹਿਤ ਦੀ ਪ੍ਰਸੰਗਿਕਤਾ' ਵਿਸ਼ੇ 'ਤੇ ਕਰਵਾਏ ਗਏ ਸੈਮੀਨਾਰ ਦੌਰਾਨ ਕੀਤਾ।

ਉੱਘੇ ਨਾਵਲਕਾਰ ਤੇ ਗ਼ਜ਼ਲਗੋ ਬੂਟਾ ਸਿੰਘ ਚੌਹਾਨ ਦੀ ਅਗਵਾਈ 'ਚ ਕਰਵਾਏ ਗਏ, ਇਸ ਸੈਮੀਨਾਰ ਦੀ ਪ੍ਰਧਾਨਗੀ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਕੀਤੀ ਅਤੇ ਉੱਘੇ ਆਲੋਚਕ ਡਾ ਲਾਭ ਸਿੰਘ ਖੀਵਾ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ। ਉਨ੍ਹਾਂ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਵਿਸ਼ਵ ਸਾਹਿਤ ਪਾਠਕ ਨੂੰ ਵਿਸ਼ਵਵਿਆਪੀ ਨਾਗਰਿਕ ਬਣਾਉਂਦਾ ਹੈ ਕਿਉਂਕਿ ਇਹ ਸਾਹਿਤ ਪਾਠਕ ਨੂੰ ਦੁਨੀਆ ਦੇ ਹਰ ਕੋਨੇ ਦੇ ਸੱਭਿਆਚਾਰ, ਸੰਸਕ੍ਰਿਤੀ ਤੇ ਵਾਤਾਵਰਣ ਬਾਰੇ ਜਾਣੂ ਕਰਵਾਉਂਦਾ ਹੈ। ਉਨ੍ਹਾਂ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਸਾਡੇ ਇਤਿਹਾਸ ਦੇ ਬਹੁਤ ਸਾਰੇ ਅਜਿਹੇ ਸਾਕੇ ਹਨ ਜਿਨ੍ਹਾਂ ਬਾਰੇ ਅਸੀ ਪੰਜਾਬੀ 'ਚ ਕੋਈ ਸ਼ਾਹਕਾਰ ਰਚਨਾ ਨਹੀਂ ਲਿਖ ਸਕੇ। ਇਤਿਹਾਸ ਲੋਕਾਂ ਨਾਲ ਬੇਇਨਸਾਫ਼ੀ ਕਰ ਸਕਦਾ ਹੈ ਪਰ ਸਾਹਿਤ ਹਮੇਸ਼ਾ ਇਨਸਾਫ਼ ਕਰਦਾ ਹੈ। ਡਾ ਲਾਭ ਸਿੰਘ ਖੀਵਾ ਨੇ ਕਿਹਾ ਕਿ ਅਨੁਵਾਦ ਇਕ ਜਹਾਜ਼ ਹੈ ਜੋ ਪਾਠਕ ਨੂੰ ਦੁਨੀਆ ਦੇ ਹਰ ਕੋਨੇ 'ਚ ਪਹੁੰਚਾ ਦਿੰਦਾ ਹੈ। ਉਨ੍ਹਾਂ ਭਾਸ਼ਾ ਵਿਭਾਗ ਅਤੇ ਜੰਗ ਬਹਾਦਰ ਗੋਇਲ ਵੱਲੋਂ ਅਨੁਵਾਦ ਦੇ ਖੇਤਰ 'ਚ ਕੀਤੇ ਕਾਰਜਾਂ ਦੀ ਸ਼ਲਾਘਾ ਕੀਤੀ। ਪ੍ਰਧਾਨਗੀ ਭਾਸ਼ਣ 'ਚ ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਜੰਗ ਬਹਾਦਰ ਗੋਇਲ ਨੇ ਅਨੁਵਾਦ ਦੇ ਕਾਰਜ ਦੌਰਾਨ ਭਾਸ਼ਾ ਨੂੰ ਸਰਲਤਾ ਪ੍ਰਦਾਨ ਕੀਤੀ ਹੈ ਜਿਸ ਕਾਰਨ ਹੀ ਉਨ੍ਹਾਂ ਦੁਆਰਾ ਅਨੁਵਾਦ ਕੀਤਾ ਵਿਸ਼ਵ ਸਾਹਿਤ ਮਕਬੂਲ ਹੋਇਆ ਹੈ। ਇਸ ਮੌਕੇ ਡਾ ਲਕਸ਼ਮੀ ਨਰਾਇਣ ਭੀਖੀ, ਅਵਤਾਰਜੀਤ, ਇੰਦਰਪਾਲ ਸਿੰਘ, ਧਰਮ ਕੰਮੇਆਣਾ, ਸਾਬਕਾ ਪੁਲਿਸ ਅਧਿਕਾਰੀ ਸੁਖਦੇਵ ਸਿੰਘ ਵਿਰਕ ਨੇ ਜੰਗ ਬਹਾਦਰ ਗੋਇਲ ਨਾਲ ਸੰਵਾਦ ਰਚਾਕੇ ਸਮਾਗਮ ਨੂੰ ਬਹੁਪਰਤੀ ਬਣਾ ਦਿੱਤਾ।

ਮੰਚ ਸੰਚਾਲਨ ਖੋਜ ਅਫ਼ਸਰ ਡਾ ਸੁਖਦਰਸ਼ਨ ਸਿੰਘ ਚਹਿਲ ਵੱਲੋਂ ਕੀਤਾ ਗਿਆ। ਅਖੀਰ ਵਿੱਚ ਸਮਾਗਮ ਦੇ ਸੰਚਾਲਕ ਬੂਟਾ ਸਿੰਘ ਚੌਹਾਨ ਨੇ ਸਭ ਦਾ ਧੰਨਵਾਦ ਕੀਤਾ ਅਤੇ ਸਾਹਿਤ ਅਕਾਦਮੀ ਦੀਆਂ ਸਰਗਰਮੀਆਂ ਤੇ ਪ੍ਰਾਪਤੀਆਂ ਬਾਰੇ ਦੱਸਿਆ। ਇਸ ਮੌਕੇ ਭਾਸ਼ਾ ਵਿਭਾਗ ਦੀ ਸਹਾਇਕ ਨਿਰਦੇਸ਼ਕਾ ਜਸਪ੍ਰੀਤ ਕੌਰ, ਸੁਰਿੰਦਰ ਕੌਰ, ਖੋਜ ਅਫ਼ਸਰ ਡਾ ਸੰਤੋਖ ਸੁੱਖੀ ਤੇ ਸਤਪਾਲ ਸਿੰਘ, ਸ਼੍ਰੋਮਣੀ ਕਵੀ ਬਲਵਿੰਦਰ ਸੰਧੂ, ਪਰਮਜੀਤ ਮਾਨ, ਲਛਮਣ ਦਾਸ, ਰਮਨ ਸੰਧੂ, ਗੁਰਚਰਨ ਪੱਬਾਰਾਲੀ, ਸ਼ਾਇਰ ਨਵਦੀਪ ਮੁੰਡੀ, ਗੋਪਾਲ ਸ਼ਰਮਾ, ਹਰਪ੍ਰੀਤ ਸੰਧੂ ਤੇ ਵੱਡੀ ਗਿਣਤੀ 'ਚ ਸਾਹਿਤ ਪ੍ਰੇਮੀ ਹਾਜ਼ਰ ਸਨ।



ਸਮਾਗਮ ਦੇ ਮੁੱਖ ਵਕਤਾ ਜੰਗ ਬਹਾਦਰ ਗੋਇਲ, ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੂੰ ਪੁਸਤਕ ਭੇਟ ਕਰਦੇ ਹੋਏ, ਨਾਲ ਹਨ ਡਾ. ਲਾਭ ਸਿੰਘ ਖੀਵਾ ਤੇ ਬੂਟਾ ਸਿੰਘ ਚੌਹਾਨ। ਪੰਜਾਬੀ ਜਾਗਰਣ